ਦਫਤਰ ਜਿਲ੍ਹਾ ਲੋਕ ਸੰਪਰਕ ਅਫਸਰ ਮੋਗਾ

# ਆਮ ਜਨਤਾ ਨੂੰ ਲੋਕ ਭਲਾਈ ਸਕੀਮਾਂ ਦਾ ਵੱਧ ਤੋਂ ਵੱਧ ਲਾਭ ਉਠਾਉਣਾ ਚਾਹੀਦੈ- ਵਿਨੀਤ ਕੁਮਾਰ ਨਾਰੰਗ

- **ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਮੋਗਾ ਵੱਲੋ ਮੁਫਤ ਕਾਨੂੰਨੀ ਸੇਵਾਵਾਂ ਦੇਣ ਬਾਰੇ ਸੈਮੀਨਾਰ**

ਮੋਗਾ 17 ਮਈ:

ਪੰਜਾਬ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਮਾਣਯੋਗ ਕਾਰਜਕਾਰੀ ਚੇਅਰਮੈਨ ਮਿਸਟਰ ਜਸਟਿਸ ਸ਼੍ਰੀ ਐਸ.ਐਸ ਸਾਰੋਂ ਜੱਜ ਪੰਜਾਬ ਤੇ ਹਰਿਆਣਾ ਹਾਈਕੋਰਟ ਚੰਡੀਗੜ੍ਹ ਵੱਲੋਂ ਜ਼ਾਰੀ ਦਿਸ਼ਾ-ਨਿਰਦੇਸ਼ਾਂ ਅਨੁਸਾਰ ਅੱਜ ਮਾਣਯੋਗ ਸ਼੍ਰੀ ਐਸ.ਕੇ ਗਰਗ ਜ਼ਿਲ੍ਹਾ ਤੇ ਸ਼ੈਸ਼ਨ ਜੱਜ-ਕਮ-ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਮੋਗਾ ਵੱਲੋ ਦਿੱਤੇ ਗਏ ਨਿਰਦੇਸ਼ਾਂ ਅਨੁਸਾਰ ਗੁਰਦੁਆਰਾ ਸਾਹਿਬ ਬਾਬਾ ਸੂਰਾ ਦਾਸ ਕਮੇਟੀ, ਪਿੰਡ ਰੌਲੀ, ਜਿਲ੍ਹਾ ਮੋਗਾ ਵਿਖੇ ਮੁਫਤ ਕਾਨੂੰਨੀ ਸੇਵਾਵਾਂ ਦੇਣ ਬਾਰੇ ਸੈਮੀਨਾਰ ਦਾ ਆਯੋਜਨ ਕੀਤਾ ਗਿਆ। ਇਸ ਸੈਮੀਨਾਰ 'ਚ ਸ਼੍ਰੀ ਵਿਨੀਤ ਕੁਮਾਰ ਨਾਰੰਗ ਸੀ.ਜੇ.ਐਮ-ਕਮ-ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਮੋਗਾ ਮੁੱਖ ਮਹਿਮਾਨ ਦੇ ਤੌਰ 'ਤੇ ਹਾਜ਼ਰ ਹੋਏ।

ਇਸ ਮੌਕੇ ਸ਼੍ਰੀ ਵਿਨੀਤ ਕੁਮਾਰ ਨਾਰੰਗ ਸੀ.ਜੇ.ਐਮ-ਕਮ-ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਮੋਗਾ ਨੇ ਮੁਫਤ ਕਾਨੂੰਨੀ ਸਹਾਇਤਾ ਸਬੰਧੀ ਲੋਕ ਅਦਾਲਤਾਂ, ਮੀਡੀਏਸ਼ਨ ਸੈਂਟਰ, ਅਪਰਾਧ ਪੀੜ੍ਹਤਾਂ ਲਈ ਜ਼ਾਰੀ ਮੁਆਵਜ਼ਾ ਸਕੀਮ ਬਾਰੇ ਅਤੇ ਉਸਾਰੀ ਨਾਲ ਸਬੰਧਤ ਕਿਰਤੀਆਂ ਨੂੰ ਰਜਿਸਟਰਡ ਕਰਨ ਲਈ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਆਮ ਜਨਤਾ ਨੂੰ ਇਨ੍ਹਾਂ ਸਕੀਮਾਂ ਦਾ ਵੱਧ ਤੋਂ ਵੱਧ ਲਾਭ ਉਠਾਉਣਾ ਚਾਹੀਦਾ ਹੈ। ਉਨ੍ਹਾਂ ਦੱਸਿਆ ਕਿ ਲੋਕਾਂ ਦੀ ਭਲਾਈ ਲਈ ਇਹ ਸਕੀਮਾਂ ਬਣਾਈਆਂ ਜਾਂਦੀਆਂ ਹਨ।

ਇਸ ਮੌਕੇ ਸਤਨਾਮ ਸਿੰਘ ਪੀ.ਐਲ.ਵੀ ਅਤੇ ਵਰਿੰਦਰ ਕੁਮਾਰ ਪੀ.ਐਲ.ਵੀ ਨੇ ਵੀ ਇਨ੍ਹਾਂ ਵਿਸ਼ਿਆਂ 'ਤੇ ਜਾਣਕਾਰੀ ਦਿੱਤੀ। ਇਸ ਮੌਕੇ ਜੋਰਾ ਸਿੰਘ ਸਰਪੰਚ, ਜਗਤਾਰ ਸਿੰਘ, ਪਾਲ ਸਿੰਘ, ਸੁਖਜਿੰਦਰ ਸਿੰਘ ਤੇ ਮਹਿੰਦਰ ਕੌਰ (ਸਾਰੇ ਪੰਚ) ਤੋ ਇਲਾਵਾ ਗੁਰਦੁਆਰਾ ਸਾਹਿਬ ਦੇ ਪ੍ਰਧਾਨ ਮਹਿੰਦਰ ਸਿੰਘ, ਚਮਕੌਰ ਸਿੰਘ, ਮੁਖਤਿਆਰ ਸਿੰਘ ਅਤੇ ਪਿੰਡ ਦੇ ਹੋਰ ਪਤਵੰਤੇ ਸੱਜਣਾਂ ਸਮੇਤ ਲੱਗਭੱਗ 150 ਵਿਅਕਤੀਆਂ ਨੇ ਭਾਗ ਲਿਆ। ਇਸ ਮੌਕੇ ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਮੋਗਾ ਵੱਲੋਂ ਮੁਫਤ ਕਾਨੂੰਨੀ ਸਹਾਇਤਾ ਬਾਰੇ ਪ੍ਰਚਾਰ ਸਮੱਗਰੀ ਵੀ ਵੰਡੀ ਗਈ।

---------------

ਨੰ: ਪੀ.ਆਰ (ਪ੍ਰੈ ਰੀ)-2016/226

